SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 168 | Wednesday, September 06, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਇੰਡੋਪੈਸੇਫਿਕ ਦੌਰੇ ਦੀ ਸ਼ੁਰੂਆਤ ਲਈ ਟਰੂਡੋ ਜਕਾਰਤਾ ਪਹੁੰਚੇ



ਜਕਾਰਤਾ, 5 ਸਤੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਅੱਜ ਜਕਾਰਤਾ ਪਹੁੰਚ ਗਏ ਹਨ। ਜਿੱਥੋਂ ਉਹ ਇੰਡੋ-ਪੈਸੇਫਿਕ ਰੀਜਨ ਦੇ ਛੇ ਰੋਜ਼ਾ ਦੌਰੇ ਦੀ ਸ਼ੁਰੂਆਤ ਕਰਨਗੇ।

ਟਰੂਡੋ ਤੇ ਉਨ੍ਹਾਂ ਦੇ ਲੜਕੇ ਜ਼ੇਵੀਅਰ ਦਾ ਸਵਾਗਤ ਇੰਡੋਨੇਸ਼ੀਆਈ ਡਾਂਸਰਜ਼ ਨੇ ਕੀਤਾ ਤੇ ਉਨ੍ਹਾਂ ਨੂੰ ਰਵਾਇਤੀ ਸਕਾਰਫ ਵੀ ਦਿੱਤਾ ਗਿਆ। ਟਰੂਡੋ ਦੋ ਦਿਨਾਂ ਲਈ ਜਕਾਰਤਾ ਵਿੱਚ ਹੀ ਰਹਿਣਗੇ ਜਿੱਥੇ ਉਹ ਅੱਜ ਸ਼ਾਮ ਰਾਸ਼ਟਰਪਤੀ ਜਕੋ ਵਿਡੋਡੋ ਨਾਲ ਮੁਲਾਕਾਤ ਕਰਨਗੇ। ਕੱਲ੍ਹ ਸਵੇਰੇ ਪ੍ਰਧਾਨ ਮੰਤਰੀ ਐਸੋਸਿਏਸ਼ਨ ਆਫ ਸਾਊਥਈਸਟ ਏਸ਼ੀਅਨ ਨੇਸ਼ਨਜ਼ ਨੂੰ ਸੰਬੋਧਨ ਕਰਨਗੇ। 10 ਦੇਸ਼ਾਂ ਦਾ ਇਹ ਬਲਾਕ ਕੈਨੇਡਾ ਨੂੰ ਆਪਣਾ ਸੱਭ ਤੋਂ ਵੱਡਾ ਰਣਨੀਤਕ ਭਾਈਵਾਲ ਬਣਾਉਣ ਦੀ ਤਿਆਰੀ ਕਰ ਰਿਹਾ ਹੈ।

ਟਰੂਡੋ ਇਸ ਟਰਿੱਪ ਦੌਰਾਨ ਏਸ਼ੀਆਈ ਆਗੂਆਂ ਨਾਲ ਆਪਣੇ ਸਬੰਧਾਂ ਨੂੰ ਮਜ਼ਬੂਤ ਕਰਨ ਵੱਲ ਬਹੁਤਾ ਧਿਆਨ ਦੇਣਗੇ ਤੇ ਵਪਾਰਕ ਗੱਲਬਾਤ ਨੂੰ ਅੱਗੇ ਵਧਾਉਣਗੇ।ਭਾਰਤ ਵਿੱਚ ਜੀ-20 ਸਿਖਰ ਵਾਰਤਾ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਉਹ ਕਾਰੋਬਾਰੀ ਆਗੂਆਂ ਨਾਲ ਸਿੰਗਾਪੁਰ ਵਿੱਚ ਵੀ ਮੁਲਾਕਾਤ ਕਰਨਗੇ।

# ਗ੍ਰੀਨਬੈਲਟ ਤੋਂ ਜ਼ਮੀਨ ਲੈਣ ਲਈ ਚੁਣੀਆਂ ਸਾਈਟਸ ਦਾ ਕੀਤਾ ਜਾਵੇਗਾ ਮੁਲਾਂਕਣ : ਫੋਰਡ

ਓਨਟਾਰੀਓ, 5 ਸਤੰਬਰ (ਪੋਸਟ ਬਿਊਰੋ) : ਪ੍ਰੀਮੀਅਰ ਡੱਗ ਫੋਰਡ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਦੋ ਪ੍ਰੋਵਿੰਸ਼ੀਅਲ ਵਾਚਡੌਗਜ਼ ਵੱਲੋਂ ਪੇਸ਼ ਕੀਤੀਆਂ ਗਈਆਂ ਰਿਪੋਰਟਸ ਤੋਂ ਬਾਅਦ ਗ੍ਰੀਨਬੈਲਟ ਤੋਂ ਜ਼ਮੀਨ ਲੈਣ ਲਈ ਚੁਣੀਆਂ ਸਾਈਟਸ ਦਾ ਮੁਲਾਂਕਣ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਇਸ ਮੁੱਦੇ ਦੇ ਗਰਮਾ ਜਾਣ ਮਗਰੋਂ ਹਾਊਸਿੰਗ ਮੰਤਰੀ ਸਟੀਵ ਕਲਾਰਕ ਨੇ ਅਸਤੀਫਾ ਦੇ ਦਿੱਤਾ ਤੇ ਫੋਰਡ ਨੂੰ ਆਪਣੇ ਮੰਤਰੀ ਮੰਡਲ ਵਿੱਚ ਫੇਰਬਦਲ ਕਰਨਾ ਪਿਆ।

ਫੋਰਡ ਨੇ ਆਖਿਆ ਕਿ ਹਾਊਸਿੰਗ ਡਿਵੈਲਪਮੈਂਟ ਲਈ ਗ੍ਰੀਨਬੈਲਟ ਤੋਂ ਜ਼ਮੀਨ ਲੈਣ ਲਈ ਚੁਣੀਆਂ ਗਈਆਂ 15 ਸਾਈਟਸ ਦਾ ਮੁਲਾਂਕਣ ਨਿਰਪੱਖ ਫੈਸੀਲੀਟੇਟਰ ਕੋਲੋਂ ਕਰਵਾਇਆ ਜਾਵੇਗਾ। ਉਨ੍ਹਾਂ ਦੇ ਨਵੇਂ ਹਾਊਸਿੰਗ ਮੰਤਰੀ ਪਾਲ ਕਲੈਂਡਰਾ ਸਾਰੀਆਂ ਗ੍ਰੀਨਬੈਲਟ ਅਰਜ਼ੀਆਂ ਦਾ ਮੁਲਾਂਕਣ ਕਰਨਗੇ।ਅਜਿਹੇ ਕਥਿਤ ਸਕੈਂਡਲ ਦੇ ਸਾਹਮਣੇ ਆਉਣ ਤੋਂ ਬਾਅਦ ਕਲਾਰਕ ਦੇ ਅਸਤੀਫਾ ਦੇਣ ਮਗਰੋਂ ਫੋਰਡ ਨੇ ਮੰਗਲਵਾਰ ਸਵੇਰੇ ਇਹ ਐਲਾਨ ਕੀਤਾ। ਫੋਰਡ ਨੇ ਇਹ ਵੀ ਆਖਿਆ ਕਿ ਇਸ ਮੁਲਾਂਕਣ ਦੌਰਾਨ ਮਿਊਂਸਪੈਲਿਟੀਜ਼ ਤੇ ਇੰਡੀਜੀਨਸ ਆਗੂਆਂ ਨਾਲ ਵੀ ਸਲਾਹ ਮਸ਼ਵਰਾ ਕੀਤਾ ਜਾਵੇਗਾ।



ਫੋਰਡ ਨੇ ਇਹ ਵੀ ਆਖਿਆ ਕਿ ਮੁਲਾਂਕਣ ਦੇ ਜੋ ਵੀ ਨਤੀਜੇ ਹੋਣਗੇ ਉਨ੍ਹਾਂ ਨੂੰ ਧਿਆਨ ਵਿੱਚ ਰੱਖਦਿਆਂ ਗ੍ਰੀਨਬੈਲਟ ਦੇ ਹੋਰਨਾਂ ਹਿੱਸਿਆਂ ਨੂੰ ਵੀ ਡਿਵੈਲਪਮੈਂਟ ਲਈ ਵਰਤਿਆ ਜਾ ਸਕੇਗਾ। ਫੋਰਡ ਨੇ ਇਸ ਗੱਲ ਉੱਤੇ ਵੀ ਜ਼ੋਰ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਦੀਆਂ ਹਾਊਸਿੰਗ ਡਿਵੈਲਪਮੈਂਟ ਸਬੰਧੀ ਕੋਸ਼ਿਸ਼ਾਂ ਜਾਇਜ਼ ਹਨ ਤੇ ਇਸ ਸਮੇਂ ਸੱਭ ਤੋਂ ਵੱਡਾ ਮਸਲਾ ਲੋਕਾਂ ਲਈ ਘਰ ਨਾ ਹੋਣਾ ਹੈ। ਉਨ੍ਹਾਂ ਆਖਿਆ ਕਿ ਸਾਨੂੰ ਜੰਗੀ ਪੱਧਰ ਉੱਤੇ ਘਰਾਂ ਦਾ ਨਿਰਮਾਣ ਕਰਨਾ ਹੋਵੇਗਾ।

# ਟਰੱਕ ਵੱਲੋਂ ਟੱਕਰ ਮਾਰੇ ਜਾਣ ਕਾਰਨ 1 ਹਲਾਕ, 1 ਜ਼ਖ਼ਮੀ




ਸਕਾਰਬਰੋ, 5 ਸਤੰਬਰ (ਪੋਸਟ ਬਿਊਰੋ) : ਮੰਗਲਵਾਰ ਦੁਪਹਿਰ ਨੂੰ ਸਕਾਰਬਰੋ ਵਿੱਚ ਇੱਕ ਟਰੱਕ ਵੱਲੋਂ ਟੱਕਰ ਮਾਰੇ ਜਾਣ ਤੋਂ ਬਾਅਦ ਬਜ਼ੁਰਗ ਵਿਅਕਤੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ ਜਦਕਿ ਇੱਕ ਮਹਿਲਾ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।ਇਹ ਹਾਦਸਾ ਸਟੀਲਜ਼ ਐਵਨਿਊ ਈਸਟ ਤੇ ਸਿਲਵਰ ਸਟਾਰ ਬੁਲੇਵਾਰਡ ਏਰੀਆ ਵਿੱਚ ਰਾਤੀਂ 12:27 ਦੇ ਨੇੜੇ ਤੇੜੇ ਵਾਪਰਿਆ। ਪੁਲਿਸ ਨੇ ਦੱਸਿਆ ਕਿ ਹਾਦਸੇ ਤੋਂ ਬਾਅਦ ਸੜਕਾਂ ਉੱਤੇ ਆਵਾਜਾਈ ਰੋਕ ਦਿੱਤੀ ਗਈ। ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਕਿਸੇ ਉੱਤੇ ਚਾਰਜਿਜ਼ ਲਾਏ ਜਾਣੇ ਹਨ ਜਾਂ ਨਹੀਂ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE
IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG Hisense Danby
Unit #1, 241 Clarence Street, Brampton, ON, L6W 3E7, (416) 551-3343 | 44 Fasken Dr, Unit#2-9, Etobicoke, ON, M9W 5M8, (416) 792-0877 | 5781 Highway 7 Unit 10, Vaughan, ON, L4L 1T8, (416) 477-5556 | 1050 Speers Road, Oakville, ON, L6L 2X4, (416) 613-0555 | Unit #6 - 410 Lewis Road, Stoney Creek, ON, L8E 5Y7, (905) 643-0818 | Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Allstate
You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axel InsuranceBrokers Ltd. 1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
ਮੁਫ਼ਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਇਟੋਬੀਕੋ ਵਿੱਚ ਚੱਲੀ ਗੋਲੀ, ਇੱਕ ਹਲਾਕ




ਇਟੋਬੀਕੋ, 5 ਸਤੰਬਰ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਦੱਖਣੀ ਇਟੋਬੀਕੋ ਦੇ ਘਰ ਦੇ ਬਾਹਰ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ। ਰਿਹਾਇਸ਼ੀ ਇਲਾਕੇ ਵਿੱਚ ਗੋਲੀ ਚੱਲਣ ਦੀ ਖਬਰ ਦੇ ਕੇ ਰਾਤੀਂ 11:49 ਦੇ ਨੇੜੇ ਤੇੜੇ ਐਮਰਜੰਸੀ ਅਮਲੇ ਨੂੰ ਪਾਰਕ ਲਾਅਨ ਰੋਡ ਤੇ ਦ ਕੁਈਨਜ਼ਵੇਅ ਨੇੜੇ ਸਥਿਤ ਬੌਨੀਵਿਊ ਡਰਾਈਵ ਉੱਤੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇਸ ਗੋਲੀਕਾਂਡ ਵਿੱਚ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮੌਕੇ ਉੱਤੇ ਮਿਲਿਆ ਤੇ ਉਸ ਨੂੰ ਬਚਾਉਣ ਲਈ ਕੋਸ਼ਿਸ਼ਾਂ ਵੀ ਕੀਤੀਆਂ ਗਈਆਂ। ਇੱਥੋਂ ਤੱਕ ਕਿ ਪੈਰਾਮੈਡਿਕਸ ਵੱਲੋਂ ਜ਼ਖ਼ਮੀ ਵਿਅਕਤੀ ਨੂੰ ਇਲਾਜ ਲਈ ਟਰੌਮਾ ਸੈਂਟਰ ਵੀ ਲਿਜ-ਾਇਆ ਗਿਆ ਪਰ ਥੋੜ੍ਹੇ ਸਮੇਂ ਬਾਅਦ ਹੀ ਉਸ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਟੋਰਾਂਟੋ ਪੁਲਿਸ ਸਰਵਿਸ ਦੀ ਹੋਮੀਸਾਈਡ ਯੂਨਿਟ ਨੇ ਆਪਣੇ ਹੱਥ ਲੈ ਲਈ ਹੈ। ਪੁਲਿਸ ਵੱਲੋਂ ਕਿਸੇ ਮਸ਼ਕੂਕ ਸਬੰਧੀ ਕੋਈ ਜਾਣਕਾਰੀ ਵੀ ਜਾਰੀ ਨਹੀਂ ਕੀਤੀ ਗਈ।

# ਟੀਡੀਐੱਸਬੀ ਦੇ ਬਹੁਤੇ ਸਕੂਲਾਂ ਵਿੱਚ ਗਰਮੀ ਤੋਂ ਬਚਣ ਦੇ ਨਹੀਂ ਹਨ ਪੁਖ਼ਤਾ ਪ੍ਰਬੰਧ

ਓਨਟਾਰੀਓ, 5 ਸਤੰਬਰ (ਪੋਸਟ ਬਿਊਰੋ) : ਸਤੰਬਰ ਵਿੱਚ ਹੀਟ ਵੇਵ ਤੋਂ ਭਾਵ ਹੈ ਕਿ ਬੱਚਿਆਂ ਦੇ ਸਕੂਲ ਪਰਤਣ ਸਮੇਂ ਗੈਰ ਅਰਾਮਦਾਇਕ ਕਲਾਸਰੂਮਜ਼। ਖਾਸਤੌਰ ਉੱਤੇ ਉਦੋਂ ਜਦੋਂ ਟੋਰਾਂਟੋ ਪਬਲਿਕ ਸਕੂਲਾਂ ਦੇ ਇੱਕ ਤਿਹਾਈ ਸਕੂਲਾਂ ਕੋਲ ਪੂਰੀ ਤਰ੍ਹਾਂ ਕੰਮ ਕਰਨ ਵਾਲੇ ਏਅਰ ਕੰਡਿਸ਼ਨਰਜ਼ ਵੀ ਨਹੀਂ ਹਨ।

ਪੜ੍ਹਨ-ਸਿੱਖਣ ਲਈ ਇਹ ਕੋਈ ਬਹੁਤ ਹੀ ਆਰਾਮਦਾਇਕ ਥਾਂ ਨਹੀਂ ਹੋ ਸਕਦੀ। ਪਰ ਭਾਵੇਂ ਗਰਮੀ ਹੋਵੇ ਜਾਂ ਨਾ ਸਕੂਲਾਂ ਦਾ ਸੈਸ਼ਨ ਸ਼ੁਰੂ ਹੋਣ ਜਾ ਰਿਹਾ ਹੈ। ਹਜ਼ਾਰਾਂ ਦੀ ਗਿਣਤੀ ਵਿੱਚ ਸਟਾਫ ਤੇ ਵਿਦਿਆਰਥੀਆਂ ਕੋਲ ਇਸ ਤਪਦੀ ਗਰਮੀ ਵਿੱਚ ਸਕੂਲ ਆਉਣ ਤੋਂ ਇਲਾਵਾ ਹੋਰ ਕੋਈ ਚਾਰਾ ਵੀ ਨਹੀਂ ਹੈ। ਟੋਰਾਂਟੋ ਡਿਸਟ੍ਰਿਕਟ ਸਕੂਲ ਬੋਰਡਜ਼




(ਟੀਡੀਐਸਬੀ) ਦੇ 583 ਸਕੂਲਾਂ ਵਿੱਚੋਂ ਸਿਰਫ 30 ਫੀ ਸਦੀ ਪੂਰੀ ਤਰ੍ਹਾਂ ਏਅਰ ਕੰਡੀਸ਼ਨਡ ਹਨ ਜਦਕਿ ਸੈਂਕੜੇ ਹੋਰਨਾਂ ਦੇ ਕੂਲਿੰਗ ਸੈਂਟਰਜ਼ ਹਨ।

ਟੀਡੀਐਸਬੀ ਤੇ ਗ੍ਰੇਟਰ ਟੋਰਾਂਟੋ ਏਰੀਆ ਦੇ ਹੋਰਨਾਂ ਸਕੂਲ ਬੋਰਡਜ ਕੋਲ ਵੈਦਰ ਪਲੈਨਜ਼ ਹੀ ਨਹੀਂ ਹਨ ਤੇ ਇਹ ਸੱਭ ਪੱਖੇ ਚਲਾ ਕੇ, ਖਿੜਕੀਆਂ ਖੋਲ੍ਹ ਕੇ, ਲਾਈਟਾਂ ਬੰਦ ਕਰਕੇ ਤੇ ਕੰਪਿਊਟਰ ਬੰਦ ਕਰਕੇ ਗਰਮੀ ਤੋਂ ਬਚਣ ਦਾ ਹੀਲਾ ਵਸੀਲਾ ਕਰਦੇ ਹਨ। ਬਾਹਰ ਵੀ ਛਾਂ ਵਾਲੀਆਂ ਥਾਂਵਾਂ ਉੱਤੇ ਵਿਦਿਆਰਥੀਆਂ ਨੂੰ ਖੇਡਣ ਜਾਂ ਕੰਮ ਕਰਨ ਲਈ ਆਖਿਆ ਜਾਂਦਾ ਹੈ ਤੇ ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਪਾਣੀ ਤੇ ਤਰਲ ਪਦਾਰਥ ਲੈਂਦੇ ਰਹਿਣ ਦੀ ਸਲਾਹ ਦਿੱਤੀ ਜਾਂਦੀ ਹੈ।

ਰਿਕਾਰਡ ਤੋੜਨ ਵਾਲੀ ਗਰਮੀ ਪੈਣ ਦੇ ਨਾਲ ਨਾਲ ਇਸ ਵਾਰੀ ਦੇਸ਼ ਦੇ ਕਈ ਹਿੱਸਿਆਂ ਵਿੱਚ ਜੰਗਲ ਦੀ ਅੱਗ ਲੱਗ ਜਾਣ ਕਾਰਨ ਵੀ ਤਪਿਸ਼ ਵਧੀ ਹੈ ਤੇ ਅਜਿਹੇ ਵਿੱਚ ਪਬਲਿਕ ਹੈਲਥ ਮਾਹਿਰ ਜੈਫਰੀ ਬਰੁੱਕ ਦਾ ਕਹਿਣਾ ਹੈ ਕਿ ਕਲਾਈਮੇਟ ਚੇਂਜ ਪਹੁੰਚ ਚੁੱਕਿਆ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਸਕੂਲ ਲੱਗਣ ਤੋਂ ਬਾਅਦ ਸਾਨੂੰ ਇਸ ਤਰ੍ਹਾਂ ਦੇ ਤਪਿਸ਼ ਭਰੇ ਦਿਨ ਹੋਰ ਵੇਖਣੇ ਪੈਣਗੇ। ਇਸ ਦੌਰਾਨ ਸਿੱਖਿਆ ਮੰਤਰਾਲੇ ਨੇ ਦੱਸਿਆ ਕਿ ਹਰ ਸਾਲ ਸਕੂਲ ਬੋਰਡਜ਼ ਨੂੰ 1.4 ਬਿਲੀਅਨ ਡਾਲਰ ਦੇ ਫੰਡ ਮੁਰੰਮਤ ਆਦਿ ਕਰਵਾਉਣ ਤੇ ਏਅਰ ਕੰਡੀਸ਼ਨਰ ਲਵਾਉਣ ਲਈ ਦਿੱਤੇ ਜਾਂਦੇ ਹਨ। ਮੰਤਰਾਲੇ ਨੇ ਇਹ ਵੀ ਆਖਿਆ ਕਿ ਇਹ ਸਕੂਲ ਬੋਰਡਜ਼ ਦੀ ਜ਼ਿੰਮੇਵਾਰੀ ਹੈ ਕਿ ਉਹ ਸਕੂਲਾਂ ਵਿੱਚ ਹੀਟ ਨਾਲ ਕਿਸ ਤਰ੍ਹਾਂ ਨਜਿੱਠਦੇ ਹਨ।

## ਅੱਜ ਨਾਮਾ

‘ਚੱਕ ਦੇ ਇੰਡੀਆ’ ਕਹਿਣ ਦਾ ਸਮਾਂ ਨਾਹੀਂ,
ਤਬਦੀਲੀ ਨਾਂਅ ਦੀ ਲੱਗੀ ਪਈ ਹੋਣ ਭਾਈ।
ਗੱਠਜੋੜ ਧਿਰ ਵਿਰੋਧੀ ਕੋਈ ਖੜਾ ਕਰਿਆ,
‘ਇੰਡੀਆ’ ਨਾਂਅ ਉੱਤੇ ਲੜਨੀ ਚੋਣ ਭਾਈ।
ਟੱਕਰ ਜਿਨ੍ਹਾਂ ਦੇ ਨਾਲ, ਉਹ ਘੱਟ ਕੋਈ ਨਾ,
ਆਪਣਾ ਉਨ੍ਹਾਂ ਦਾ ਕੁਝ ਦ੍ਰਿਸ਼ਟੀਕੋਣ ਭਾਈ।
ਧਿਰ ਕੋਈ ਇੱਕ ਵੀ ਉੱਠ ਜੇ ਲਿਖਣ ਜਾਂਦੀ,
ਦੂਜੀ ਉੱਠ ਤੁਰਦੀਹੈ ਲਿਖਿਆ ਧੋਣ ਭਾਈ।
ਪੁਆੜਾ ਚੋਣਾਂ ਦਾ ਸਿਰਫ ਹੈ ਗੱਦੀਆਂ ਲਈ,
ਮੁਲਕ ਦਾ ਦਰਦ ਤਾਂ ਸਿਰਫ ਜੁਗਾੜ ਭਾਈ।
ਸਿਆਸਤ ਸਕੇ ਭਰਾਵਾਂ ਵਿੱਚ ਪਾਏ ਪਾਟਕ,
ਵੱਸਦੀ ਪਬਲਿਕ ਇਹ ਦੇਂਵਦੀ ਪਾੜ ਭਾਈ।

**ਤੀਸ ਮਾਰ ਖਾਂ**

# ਛੁਰੇਬਾਜ਼ੀ ਵਿੱਚ ਬੱਚੇ ਦੀ ਮੌਤ, ਕਈ ਹੋਰ ਜ਼ਖ਼ਮੀ

ਟੋਰਾਂਟੋ, 5 ਸਤੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਨੇ ਦੱਸਿਆ ਕਿ ਸਕਾਰ-ਬਰੋ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਬੱਚੇ ਦੀ ਮੌਤ ਹੋ ਗਈ ਜਦਕਿ ਕਈ ਹੋਰ ਜ਼ਖ਼ਮੀ ਹੋ ਗਏ। ਕਿਸੇ ਤਰ੍ਹਾਂ ਦੀ ਗੜਬੜੀ ਦੀ ਖਬਰ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਡੰਡਾਕ ਡਰਾਈਵ ਤੇ ਐਂਟਰਿਮ ਕ੍ਰੀਸੈਂਟ ਏਰੀਆ ਵਿੱਚ ਸੱਦਿਆ ਗਿਆ। ਬਾਅਦ ਵਿੱਚ ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਇੱਥੇ ਇੱਕ ਅਪਾਰਟਮੈਂਟ ਵਿੱਚ ਛੁਰੇਬਾਜ਼ੀ ਹੋਈ ਸੀ। ਦੋ ਜ਼ਖ਼ਮੀ ਵਿਅਕਤੀਆਂ ਦਾ ਮੌਕੇ ਉੱਤੇ ਮੁਆਇਨਾ ਕੀਤਾ ਗਿਆ ਤੇ ਪੁਲਿਸ ਨੇ ਦੱਸਿਆ ਕਿ ਇੱਕ ਬੱਚੇ ਦੀ ਮੌਤ ਹੋ ਗਈ। ਇਲਾਕੇ ਵਿੱਚ ਭਾਰੀ ਗਿਣਤੀ ਵਿੱਚ ਪੁਲਿਸ ਪਾਈ ਗਈ। ਮਾਮਲੇ ਦੀ ਜਾਂਚ ਹੋਮੀਸਾਈਡ ਯੂਨਿਟ ਵੱਲੋਂ ਆਪਣੇ ਹੱਥ ਲੈ ਲਈ ਗਈ ਹੈ।

# ਇੰਡੀਆ ਗਠਜੋੜ ਦੀ ਦਿੱਲੀ ਵਿਖੇ ਅਹਿਮ ਬੈਠਕ, ਵਿਧਾਨਸਭਾ-ਲੋਕਸਭਾ ਚੋਣਾਂ ਨੂੰ ਲੈ ਕੇ ਬਣੇਗੀ ਰਣਨੀਤੀ

ਨਵੀਂ ਦਿੱਲੀ, 5 ਸਤੰਬਰ (ਪੋਸਟ ਬਿਊਰੋ): ਮੱਧ ਪ੍ਰਦੇਸ਼ ਸਮੇਤ 5 ਸੂਬਿਆਂ ‘ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਅਤੇ 2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਵਿਰੋਧੀ ਗਠਜੋੜ ਇੰਡੀਆ ਨੇ ਆਪਣੀ ਪ੍ਰਚਾਰ ਕਮੇਟੀ ਦੀ ਪਹਿਲੀ ਬੈਠਕ ਸੱਦੀ ਹੈ। ਇਹ ਮੀਟਿੰਗ ਦਿੱਲੀ ਦੇ ਮਿਲਾਪ ਬਿਲਡਿੰਗ ਵਿੱਚ ਸ਼ਾਮ 5 ਵਜੇ ਤੋਂ ਹੋਵੇਗੀ।




ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਮੁੰਬਈ ‘ਚ 28 ਵਿਰੋਧੀ ਪਾਰਟੀਆਂ ਨਾਲ ਬੈਠਕ ‘ਚ ਕਿਹਾ ਸੀ ਕਿ ਗਠਜੋੜ ਦੇ ਆਗੂ ਇਸ ਮਹੀਨੇ ਤੋਂ ਚੋਣ ਪ੍ਰਚਾਰ ਸ਼ੁਰੂ ਕਰਨਗੇ। 21 ਮੈਂਬਰੀ ਪ੍ਰਚਾਰ ਕਮੇਟੀ ਦੀ ਅੱਜ ਦੀ ਮੀਟਿੰਗ ਵਿੱਚ ਆਗੂ ਇਸ ਮੁੱਦੇ ’ਤੇ ਅਗਲੇਰੀ ਵਿਉਂਤਬੰਦੀ ਕਰਨਗੇ।

ਇਸ ਤੋਂ ਇਲਾਵਾ ਗਠਜੋੜ ਨੇ 13 ਸਤੰਬਰ ਨੂੰ 14 ਮੈਂਬਰੀ ਤਾਲਮੇਲ ਕਮੇਟੀ ਦੀ ਮੀਟਿੰਗ ਵੀ ਬੁਲਾਈ ਹੈ। ਇਹ ਬੈਠਕ ਐੱਨਸੀਪੀ ਸੁਪਰੀਮੋ ਸ਼ਰਦ ਪਵਾਰ ਦੇ ਦਿੱਲੀ ਸਥਿਤ ਘਰ ‘ਤੇ ਹੋਵੇਗੀ। 1 ਸਤੰਬਰ ਨੂੰ ਮੁੰਬਈ ‘ਚ ਹੋਈ ਬੈਠਕ ‘ਚ ਗਠਜੋੜ ਨੇ 5 ਕਮੇਟੀਆਂ ਬਣਾਈਆਂ ਸਨ। ਇਨ੍ਹਾਂ ਵਿੱਚ ਮੁਹਿੰਮ ਕਮੇਟੀ, ਤਾਲਮੇਲ/ਰਣਨੀਤੀ ਕਮੇਟੀ, ਮੀਡੀਆ, ਸੋਸ਼ਲ ਮੀਡੀਆ ਅਤੇ ਖੋਜ ਕਮੇਟੀ ਸ਼ਾਮਲ ਹਨ।





















## ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਤਰ-ਵਿਭਾਗੀ ਸ਼ਤਰੰਜ ਅਤੇ ਕੈਰਮ ਟੂਰਨਾਮੈਂਟ 11 ਸਤੰਬਰ ਤੋਂ

ਅੰਮ੍ਰਿਤਸਰ, 5 ਸਤੰਬਰ (ਪੋਸਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਤਰ-ਵਿਭਾਗੀ ਸ਼ਤਰੰਜ ਟੂਰਨਾਮੈਂਟ (ਪੁਰਸ਼ ਅਤੇ ਇਸਤਰੀ) ਅਤੇ ਅੰਤਰ-ਵਿਭਾਗੀ ਕੈਰਮ ਟੂਰਨਾਮੈਂਟ (ਪੁਰਸ਼ ਅਤੇ ਇਸਤਰੀ) 2023- 24 ਸਤੰਬਰ 11-14, 2023 ਤੱਕ ਆਯੋਜਿਤ ਕੀਤਾ ਜਾਵੇਗਾ।

ਪ੍ਰੋ. ਪ੍ਰੀਤ ਮਹਿੰਦਰ ਸਿੰਘ ਬੇਦੀ, ਡੀਨ ਵਿਦਿਆਰਥੀ ਭਲਾਈ ਨੇ ਦੱਸਿਆ ਕਿ ਇਹ ਟੂਰਨਾਮੈਂਟ ਭਾਰਤ ਸਰਕਾਰ ਦੀ ਫਿਟ ਇੰਡੀਆ ਪ੍ਰੋਗਰਾਮ ਤਹਿਤ ਕੈਂਪਸ ਸਪੋਰਟਸ: ਯੂਨੀਵਰਸਿਟੀ ਦੇ ਡੀਨ ਵਿਦਿਆਰਥੀ ਭਲਾਈ ਦਫਤਰ ਵੱਲੋਂ ਕਰਵਾਏ ਜਾਣਗੇ। ਯੁਵਕ ਭਲਾਈ ਵਿਭਾਗ ਦੇ ਇੰਚਾਰਜ ਅਤੇ ਕੈਂਪਸ ਸਪੋਰਟਸ ਦੇ ਅਧਿਆਪਕ ਇੰਚਾਰਜ ਡਾ. ਅਮਨਦੀਪ ਸਿੰਘ ਨੇ ਦੱਸਿਆ ਕਿ ਸ਼ਤਰੰਜ ਟੂਰਨਾਮੈਂਟ ਵਿਚ ਵੱਖ-ਵੱਖ ਵਿਭਾਗਾਂ ਦੀਆਂ 26 ਪੁਰਸ਼ 23 ਔਰਤਾਂ ਦੀਆਂ ਟੀਮਾਂ ਅਤੇ ਕੈਰਮ ਟੂਰਨਾਮੈਂਟ ਵਿਚ ਵੱਖ ਵੱਖ ਵਿਭਾਗਾਂ ਦੀਆਂ 25 ਪੁਰਸ਼ ਅਤੇ 24 ਔਰਤਾਂ ਦੀਆਂ ਟੀਮਾਂ ਭਾਗ ਲੈਣਗੀਆਂ। ਉਨ੍ਹਾਂ ਦੱਸਿਆ ਕਿ ਕੈਰਮ ਪੁਰਸ਼ ਟੂਰਨਾਮੈਂਟ 11 ਤੋਂ 13 ਸਤੰਬਰ ਤੱਕ; 12 ਤੋਂ 13 ਸਤੰਬਰ ਤੱਕ ਕੈਰਮ ਔਰਤਾਂ; ਸ਼ਤਰੰਜ ਪੁਰਸ਼ਾਂ ਦਾ ਟੂਰਨਾਮੈਂਟ 14 ਤੋਂ 16 ਸਤੰਬਰ ਤੱਕ ਅਤੇ ਸ਼ਤਰੰਜ ਇਸਤਰੀ ਟੂਰਨਾਮੈਂਟ 15 ਤੋਂ 16 ਸਤੰਬਰ ਤੱਕ ਹੋਵੇਗਾ।

## ਵਿਦੇਸ਼ਾਂ ਵਿੱਚੋਂ ਮ੍ਰਿਤਕ ਦੇਹਾਂ ਮੰਗਵਾਉਣ ਲਈ ਬਿਨੈਕਾਰ ਸਿੱਧੇ ਤੌਰ ਤੇ ਪੋਰਟਲ ਉਪਰ ਦਰਖਾਸਤ ਦੇ ਸਕਦਾ ਹੈ : ਡਿਪਟੀ ਕਮਿਸ਼ਨਰ

ਫਰੀਦਕੋਟ, 5 ਸਤੰਬਰ (ਗਿਆਨ ਸਿੰਘ): ਪੰਜਾਬ ਦੇ ਵਸਨੀਕ ਜਿੰਨਾ ਦੀ ਬਾਹਰਲੇ ਮੁਲਕਾਂ ਵਿੱਚ ਕਿਸੇ ਮੰਦਭਾਗੀ ਘਟਨਾ ਕਾਰਨ ਮੌਤ ਹੁੰਦੀ ਹੈ ਤਾਂ ਉਸ ਦੇ ਪਰਿਵਾਰਕ ਮੈਂਬਰ ਸਿੱਧੇ ਤੌਰ ਤੇ ਕੇਂਦਰ ਸਰਕਾਰ ਵੱਲੋਂ ਚਲਾਏ ਜਾ ਰਹੇ ਪੋਰਟਲ ਰਾਹੀਂ ਮ੍ਰਿਤਕ ਦੇਹ ਨੂੰ ਪ੍ਰਾਪਤ ਕਰ ਸਕਦੇ ਹਨ। ਇਹ ਜਾਣਕਾਰੀ ਪ੍ਰੈਸ ਰਾਹੀਂ ਲੋਕਾਂ ਨੂੰ ਜਾਣੂ ਕਰਵਾਉਣ ਲਈ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਵਿਦੇਸ਼ਾਂ ਵਿੱਚ ਵਸਦੇ ਪ੍ਰਵਾਸੀ ਭਾਰਤੀਆਂ ਦੀਆਂ ਮ੍ਰਿਤਕ ਦੇਹਾਂ ਮੰਗਵਾਉਣ ਵੇਲੇ ਪੰਜਾਬ ਵਿੱਚ ਵਸਦੇ ਦੂਰ ਨੇੜੇ ਦੇ ਰਿਸ਼ਤੇਦਾਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ



ਹੈ। ਉਨ੍ਹਾਂ ਦੱਸਿਆ ਕਿ ਇਸ ਸਮੱਸਿਆ ਦੇ ਹੱਲ ਲਈ ਭਾਰਤ ਸਰਕਾਰ ਵੱਲੋਂ ਈ-ਕੇਅਰ (e-CARe) ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੇਸ਼ਾਂ ਵਿਦੇਸ਼ਾ ਵਿੱਚ ਵਸਦੇ ਭਾਰਤੀ ਲੋਕ ਜਿੰਨਾ ਦੀ ਕਿਸੇ ਮੰਦਭਾਗੀ ਘਟਨਾ ਕਾਰਨ ਮੌਤ ਹੋ ਜਾਂਦੀ ਹੈ ਤਾਂ, ਉਨ੍ਹਾਂ ਦੇ ਰਿਸ਼ਤੇਦਾਰ ਇਸ ਪੋਰਟਲ ਰਾਹੀਂ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਜਿਹੀ ਮੰਦਭਾਗੀ ਘਟਨਾ ਕਾਰਨ ਰਿਸ਼ਤੇਦਾਰਾਂ ਨੂੰ ਭੱਜ ਨੱਠ ਕਰਨ ਤੋਂ ਉਪਰੰਤ ਵੀ ਕੋਈ ਮਦਦਗਾਰ ਨਹੀਂ ਮਿਲਦਾ। ਅਜਿਹੇ ਮੌਕੇ ਬਿਨੈਕਾਰ ਸਿੱਧੇ ਤੌਰ ਤੇ ਇਸ ਪੋਰਟਲ https://ecare.mohfw.gov.in/ ਰਾਹੀਂ ਮ੍ਰਿਤਕ ਦੇਹਾਂ ਨੂੰ ਵਿਦੇਸ਼ਾਂ ਵਿੱਚੋਂ ਮੰਗਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੋਈ ਵੀ ਬਿਨੈਕਾਰ ਸਿੱਧੇ ਤੌਰ ਤੇ ਇਸ ਪੋਰਟਲ ਤੇ ਜਾ ਕੇ ਆਪਣੀ ਦਰਖਾਸਤ ਦੇ ਸਕਦਾ ਹੈ।

## ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਮੁੱਖ ਮੰਤਰੀ ਪੰਜਾਬ ਦੇ ਨਾਮ ਸਪੀਕਰ ਸੰਧਵਾਂ ਨੂੰ ਸੌਂਪਿਆ ਮੰਗ ਪੱਤਰ

### ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਨਸ਼ੇ ਦੇ ਖਾਤਮੇ ਲਈ ਸਹਿਯੋਗ ਦੀ ਪੇਸ਼ਕਸ਼



ਕੋਟਕਪੂਰਾ/ਫ਼ਰੀਦਕੋਟ, 5 ਸਤੰਬਰ (ਗਿਆਨ ਸਿੰਘ): ਪਿਛਲੇ ਕਈ ਸਾਲਾਂ ਤੋਂ ਪੰਜਾਬ ਭਰ ਦੇ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਤੋਂ ਨਸ਼ੇ ਦੀ ਭੇਂਟ ਚੜ ਰਹੇ ਨੌਜਵਾਨਾ ਸਬੰਧੀ ਬਹੁਤ ਮੰਦਭਾਗੀਆਂ ਅਤੇ ਦੁਖਦਾਇਕ ਖਬਰਾਂ ਅਖਬਾਰਾਂ ਦੀਆਂ ਸੁਰਖੀਆਂ ਬਣਨ ਤੋਂ ਦੁਖੀ ਜਾਗਰੂਕ ਲੋਕਾਂ ਨੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਨਾਮ ਇਕ ਮੰਗ ਪੱਤਰ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਰਾਹੀਂ ਸੌਂਪਿਆ ਗਿਆ। ਗੁੱਡ ਮੌਰਨਿੰਗ ਵੈਲਫੇਅਰ ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਚੇਅਰਮੈਨ ਪੱਪੂ ਲਹੌਰੀਆ ਦੀ ਅਗਵਾਈ ਵਿੱਚ ਸਪੀਕਰ ਸੰਧਵਾਂ ਨੂੰ ਮਿਲੇ ਵਫਦ ਨੇ ਦੱਸਿਆ ਕਿ ਹੁਣ ਨੌਜਵਾਨ ਲੜਕਿਆਂ ਦੇ ਨਾਲ ਲੜਕੀਆਂ ਦੀਆਂ ਵੀ ਨਸ਼ੇ ਵਿੱਚ ਗ੍ਰਸਤ ਹੋਣ ਦੀਆਂ ਖਬਰਾਂ ਮਨ ਨੂੰ ਹੋਰ ਦੁਖੀ ਕਰਦੀਆਂ ਹਨ। ਕਲੱਬ ਦੇ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਆਖਿਆ ਕਿ ਜਿਸ ਤਰਾਂ ਸਪੀਕਰ ਸੰਧਵਾਂ ਨੇ ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਵੱਖ-ਵੱਖ ਪਿੰਡਾਂ ਵਿੱਚ 'ਨਸ਼ੇ ਭਜਾਈਏ-ਜਵਾਨੀ ਬਚਾਈਏ' ਦੇ ਬੈਨਰ ਹੇਠ ਨਸ਼ਾ ਵਿਰੋਧੀ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ ਅਤੇ ਪੁਲਿਸ ਪ੍ਰਸ਼ਾਸ਼ਨ ਦੇ ਉੱਚ ਅਧਿਕਾਰੀਆਂ ਦੇ ਨਾਲ-ਨਾਲ ਸਿਵਲ ਪ੍ਰਸ਼ਾਸ਼ਨ ਅਤੇ ਸਿਹਤ ਅਧਿਕਾਰੀਆਂ ਦੀ ਹਾਜਰੀ ਵਿੱਚ ਉਹਨਾਂ ਵੱਲੋਂ ਲੋਕਾਂ ਨੂੰ ਪੁਲਿਸ ਪ੍ਰਸ਼ਾਸ਼ਨ ਅਤੇ ਸਿਹਤ ਅਧਿਕਾਰੀਆਂ ਦੇ ਮੋਬਾਇਲ ਨੰਬਰ ਦੇ ਕੇ ਅਤੇ ਨਸ਼ਿਆਂ ਦੀ ਬੁਰਾਈ ਸਬੰਧੀ ਅੰਕੜਿਆਂ ਸਹਿਤ ਦਲੀਲਾਂ ਨਾਲ ਪੱਖ ਰੱਖਿਆ ਜਾ ਰਿਹਾ ਹੈ, ਨਸ਼ਾ ਛੱਡ ਚੁੱਕੇ ਨੌਜਵਾਨਾ ਨੂੰ ਲੋਕਾਂ ਦੇ ਸਨਮੁੱਖ ਕਰਨਾ, ਉਹਨਾਂ ਦੇ ਵਿਚਾਰ ਲੋਕਾਂ ਨਾਲ ਸਾਂਝੇ ਕਰਨ ਦਾ ਮੌਕਾ ਦੇਣਾ, ਬਹੁਤ ਸਾਰੀਆਂ ਸਮਾਜ ਸੁਧਾਰਕ ਸ਼ਖਸ਼ੀਅਤਾਂ ਵੱਲੋਂ ਵੀ ਨਸ਼ੇ ਦੇ ਨੁਕਸਾਨਾ ਸਬੰਧੀ ਭਾਸ਼ਣ, ਜਿੱਥੇ ਆਮ ਲੋਕਾਂ 'ਤੇ ਪ੍ਰਭਾਵ ਛੱਡ ਰਹੇ ਹਨ, ਉੱਥੇ ਨਸ਼ੇ ਦੇ ਖਾਤਮੇ ਅਤੇ ਲੋਕਾਂ ਦੇ ਜਾਗਰੂਕ ਹੋਣ ਦੇ ਸੰਕੇਤ ਵੀ ਮਿਲਣੇ ਸ਼ੁਰੂ ਹੋ ਗਏ ਹਨ। ਕਲੱਬ ਦੇ ਪ੍ਰੈਸ ਸਕੱਤਰ ਗੁਰਮੀਤ ਸਿੰਘ ਮੀਤਾ ਮੁਤਾਬਿਕ ਜਨਰਲ ਸਕੱਤਰ ਪ੍ਰੋ. ਐਚ.ਐੱਸ. ਪਦਮ, ਉਪ ਚੇਅਰਮੈਨ ਸੁਰਿੰਦਰ ਸਿੰਘ ਸਦਿਉੜਾ, ਵਿੱਤ ਸਕੱਤਰ ਜਸਕਰਨ ਸਿੰਘ ਭੱਟੀ, ਸਕੱਤਰ ਸੁਨੀਲ ਕੁਮਾਰ ਗਰੋਵਰ ਅਤੇ ਸਰਨ ਕੁਮਾਰ ਆਦਿ ਨੇ ਸਪੀਕਰ ਸੰਧਵਾਂ ਰਾਹੀਂ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਕਿਰਪਾ ਕਰਕੇ ਇਸ ਤਰਾਂ ਦੀ ਮੁਹਿੰਮ ਪੰਜਾਬ ਭਰ ਦੇ ਸਾਰੇ ਅਰਥਾਤ 117 ਵਿਧਾਨ ਸਭਾ ਹਲਕਿਆਂ ਵਿੱਚ ਚਲਾਉਣੀ ਯਕੀਨੀ ਬਣਾਈ ਜਾਵੇ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਮਨਪ੍ਰੀਤ ਸਿੰਘ ਮਨੀ ਧਾਲੀਵਾਲ ਪੀਆਰਓ ਸਮੇਤ ਸੁਖਵਿੰਦਰ ਸਿੰਘ ਸੁੱਖਾ ਧਾਲੀਵਾਲ ਪ੍ਰਧਾਨ ਸ਼ੈਲਰ ਐਸੋਸੀਏਸ਼ਨ, ਸ਼ਿਵਜੀਤ ਸਿੰਘ ਸੰਘਾ ਅਤੇ ਡਾ. ਦੇਵ ਰਾਜ ਆਦਿ ਵੀ ਹਾਜਰ ਸਨ।

# ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੌਮੀ ਲੋਕ ਅਦਾਲਤ ਬਾਰੇ ਆਮ ਲੋਕਾਂ ਨੂੰ ਜਾਗਰੂਕਤ ਕਰਨ ਲਈ ਕੱਢੀ ਰੈਲੀ

ਨਵਾਂਸ਼ਹਿਰ, 5 ਸਤੰਬਰ (ਗਿਆਨ ਸਿੰਘ): ਜ਼ਿਲ੍ਹਾਂ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਕੰਵਲਜੀਤ ਸਿੰਘ ਬਾਜਵਾ ਦੇ ਦਿਸ਼ਾ- ਨਿਰਦੇਸ਼ਾ ਤਹਿਤ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ ਜ਼ਿਲ੍ਹਾਂ ਕੋਰਟ ਕੰਪਲੈਕਸ ਨਵਾਂਸ਼ਹਿਰ ਅਤੇ ਬਲਾਚੌਰ ਵਿਖੇ 9 ਸਤੰਬਰ 2023 ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਬਾਰੇ ਆਮ ਲੋਕਾਂ ਨੂੰ ਜਾਗਰੂਕਤ ਕਰਨ ਲਈ ਸਰਕਾਰੀ ਸੀਨੀਅਰ ਸੰਕੈਡਰੀ ਸਕੂਲ, ਸ਼ਹੀਦ ਭਗਤ ਸਿੰਘ ਨਗਰ ਤੋਂ ਚੰਡੀਗੜ ਚੌਕ ਤੋਂ ਡਾ ਬੀ.ਆਰ ਅੰਬੇਡਕਰ ਚੌਕ ਤੱਕ ਅਤੇ ਵਾਪਸੀ ਸਰਕਾਰੀ ਸੀਨੀਅਰ ਸੰਕੈਡਰੀ ਸਕੂਲ ਤੱਕ ਰੈਲੀ ਕੱਢੀ ਗਈ । ਇਸ ਰੈਲੀ ਨੂੰ ਵਧੀਕ ਜ਼ਿਲ੍ਹਾ ਅਤੇ ਸੈਸਨ ਜੱਜ ਕਰੁਨੇਸ਼ ਕੁਮਾਰ ਨੇ ਹਰੀ ਝੰਡੀ ਦੇ ਕੇ ਕੀਤਾ ਰਵਾਨਾ ਕੀਤਾ। ਇਸ




ਸਬੰਧੀ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੇ ਦੱਸਿਆ ਕਿ 9 ਸਤੰਬਰ 2023 ਦਿਨ ਸ਼ਨੀਵਾਰ ਨੂੰ ਹਰ ਜ਼ਿਲ੍ਹੇ ਅਤੇ ਤਹਿਸੀਲ ਪੱਧਰ 'ਤੇ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ ਉਨ੍ਹਾਂ ਨੇ ਕਿਹਾ ਕਿ ਲੋਕ ਅਦਾਲਤਾਂ ਦੀ ਸਭ ਤੋਂ ਖਾਸ ਗੱਲ ਇਹ ਹੈ ਕਿ ਫੈਸਲਾ ਦੋਵਾਂ ਧਿਰਾਂ ਦੀ ਸਹਿਮਤੀ ਨਾਲ ਲਿਆ ਜਾਂਦਾ ਹੈ ਅਤੇ ਇਹ ਪੈਸੇ ਅਤੇ ਸਮੇਂ ਦੀ ਬਚਤ ਕਰਦਾ ਹੈ। ਉਨ੍ਹਾਂ ਦੱਸਿਆ ਕਿ ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਝਗੜਾ ਕਰਨ ਵਾਲੀਆਂ ਧਿਰਾਂ ਵਿਚਕਾਰ ਕੁੜੱਤਣ ਅਤੇ ਦੁਸ਼ਮਣੀ ਖਤਮ ਹੋ ਜਾਂਦੀ ਹੈ।

ਇਸ ਤੋਂ ਇਲਾਵਾ ਸੀ.ਜੇ.ਐੱਮ-ਕਮ-ਸਕੱਤਰ ਕਮਲਦੀਪ ਸਿੰਘ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਬੀ.ਐਸ.ਐਨ.ਐਲ ਦੇ ਕੇਸਾਂ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਬੈਕਾਂ ਲੋਨ ਨਾਲ ਸਬੰਧਤ ਕੇਸ, ਟਰੈਫਿਕ ਦੇ ਚਲਾਨ, ਪਾਣੀ ਦੇ ਬਿੱਲ ਦੇ ਕੇਸ, ਚੈਂਕ ਬਾਊਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਲੇਬਰ ਝਗੜੇ, ਬਿਜਲੀ ਦੇ ਬਿੱਲ ਦੇ ਕੇਸ ਅਤੇ ਹੋਰ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ । ਉਨਾਂ ਕਿਹਾ ਕਿ ਲੋਕ ਅਦਾਲਤ ਵਿੱਚ ਕੇਸ ਲਗਾਉਣ ਲਈ ਜੇਕਰ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਦਫਤਰ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ ।

ਇਸ ਮੌਕੇ ਵਿਦਿਆਰਥੀਆਂ ਵੱਲੋ ਤਖਤੀਆ ਉੱਪਰ ਆਪਸੀ ਸਮਝੌਤੇ ਰਾਹੀ ਝਗੜੇ ਮੁਕਾਓ, ਮਿਲਵਰਨ ਤੇ ਪਿਆਰ ਵਧਾਓ, ਦੋਨੋ ਧਿਰਾਂ ਆਪਸੀ ਫੈਸਲੇ ਨਾਲ ਜਿੱਤਣ, ਕੋਈ ਨਾ ਹਾਰੇ ਅਤੇ ਨੈਸ਼ਨਲ ਲੋਕ ਅਦਾਲਤ ਦੇ ਲਾਭ ਛੇਤੀ ਅਤੇ ਸਸਤਾ ਨਿਆਂ ਅਦਿ ਸਲੋਗਨ ਲਿਖ ਕੇ ਲੋਕ ਅਦਾਲਤਾਂ ਦੇ ਫਾਇਦਿਆਂ ਬਾਰੇ ਤਖ਼ਤੀਆਂ ਦਿਖਾ ਕੇ ਅਤੇ ਨਾਅਰੇ ਲਗਾ ਕੇ ਜਾਗਰੂਕਤਾ ਕੀਤੀ ਗਈ ।

ਇਸ ਮੌਕੇ 'ਤੇ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦਾ ਸਟਾਫ, ਸਰਕਾਰੀ ਸੀਨੀਅਰ ਸੰਕੈਡੰਰੀ ਸਕੂਲ, ਨਵਾਸ਼ਹਿਰ ਦੇ ਵਿਦਿਆਰਥੀਆ ਅਤੇ ਸਾਂਝ ਕੇਂਦਰ ਨਵਾਂਸ਼ਹਿਰ ਦੇ ਸਟਾਫ ਮੈਂਬਰਾਂ ਵੱਲੋ ਭਾਗ ਲਿਆ ਗਿਆ ।

## ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਨੇ ਇਤਿਹਾਸਿਕ ਗੁਰਦੁਆਰਾ ਨਾਨਕ ਝੀਰਾ (ਬਿਦਰ) ਵਿਖੇ ਮਿਲਾਪ ਦਿਵਸ ਦੀਆਂ ਖੁਸ਼ੀਆਂ ਸੰਗਤਾਂ ਨਾਲ ਸਾਂਝੀਆਂ ਕੀਤੀਆਂ

ਮੁੱਲਾਂਪੁਰ ਦਾਖਾ/ਸ੍ਰੀ ਹਜੂਰ ਸਾਹਿਬ, 5 ਸਤੰਬਰ (ਗਿਆਨ ਸਿੰਘ): ਅੱਜ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦਾ ਜੱਥਾ ਸਵੇਰੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ ਛੋਅ ਪ੍ਰਾਪਤ ਅਸਥਾਨ ਨਾਨਕ ਝੀਰਾ ਲਈ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਅਤੇ ਫਾਊਂਡੇਸ਼ਨ ਦੇ ਮੁੱਖ ਸਰਪ੍ਰਸਤ ਮਲਕੀਤ ਸਿੰਘ ਦਾਖਾ ਅਤੇ ਜੱਥੇ ਦੇ ਕਨਵੀਨਰ ਤਰਲੋਚਨ ਸਿੰਘ ਬਿਲਾਸਪੁਰ, ਜਨਰਲ ਸਕੱਤਰ ਫਾਊਂਡੇਸ਼ਨ ਗੁਲਜਿੰਦਰ ਸਿੰਘ ਲੁਹਾਰਾ, ਕੈਪਟਨ ਬਲਵੀਰ ਸਿੰਘ ਫ਼ਰਿਜ਼ਪੁਰ, ਬੀਬੀ ਗੁਰਮੀਤ ਕੌਰ ਸਿੱਧੂ (ਬਾਦਲ) ਅਤੇ ਕੰਚਨ ਬਾਵਾ ਦੀ ਅਗਵਾਈ ਹੇਠ ਵਾਹਿਗੁਰੂ ਦਾ ਜਾਪ ਕਰਦਾ ਹੋਇਆ ਰਵਾਨਾ ਹੋਇਆ। ਇਸ ਸਮੇਂ ਨਾਨਕ ਝੀਰਾ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਨ ਉਪਰੰਤ



ਗੁਰਦੁਆਰਾ ਸਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਸਮੇਂ ਬਾਵਾ ਨੇ ਕਿਹਾ ਕਿ ਅੱਜ ਅਧਿਆਪਕ ਦਿਵਸ 'ਤੇ ਪੂਰੇ ਵਿਸ਼ਵ ਦੇ ਅਧਿਆਪਕ ਅਤੇ ਮਨੁੱਖਤਾ ਨੂੰ ਸੱਚ ਦਾ ਮਾਰਗ ਦਿਖਾਉਣ ਵਾਲੇ ਸ਼੍ਰੀ ਗੁਰੂ ਨਾਕ ਦੇਵ ਜੀ ਦੇ ਪਵਿੱਤਰ ਇਤਿਹ-ਾਸਿਕ ਅਸਥਾਨ ਦੇ ਦਰਸ਼ਨ ਕਰਕੇ ਸਕੂਨ ਮਹਿਸੂਸ ਕਰ ਰਹੇ ਹਾਂ। ਇਸ ਸਮੇਂ ਕੁਰਫਲ ਮਹੰਤ ਬਰਨਾਲਾ, ਅਰਜਨ ਬਾਵਾ, ਪੂਜਾ ਬਾਵਾ, ਗੀਤਾ ਬਾਵਾ, ਬੇਅੰਤ ਸਿੰਘ, ਦਵਿੰਦਰ ਸਿੰਘ ਲਾਪਰਾਂ, ਸੰਜੇ ਠਾਕੁਰ, ਸੁਸ਼ੀਲ ਕੁਮਾਰ, ਮਨੋਹਰ ਸਿੰਘ ਗਿੱਲ, ਰਣਜੀਤ ਸਿੰਘ, ਅਮਨਦੀਪ ਬਾਵਾ, ਸੁਰਿੰਦਰ ਬਾਵਾ, ਭੱਟਮਾਜਰਾ, ਨਿਰਮਲ ਸਿੰਘ ਦੋਰਾਹਾ, ਰਾਵਲ ਸਿੰਘ ਥਾਣੇਦਾਰ ਹਾਜ਼ਰ ਸਨ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3

"For all your real estate needs"

Anabela Serra
Sales Representative
416-400-5825
anabelserra75@gmail.com

98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters
$1,149,000

97 JOHN ST E
Bradford West Gwillimbury, Ontario L3Z2B5
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.
$1,089,000

103 JOHN ST W
Bradford West Gwillimbury, Ontario L3Z2A8
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.
$799,000

6273 YONGE ST
Innisfil, Ontario L0L1K0
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.
$799,000

2217 VICTORIA ST
Innisfil, Ontario L9S1A8
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.
$499,000

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜਾ
* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ "ਇੰਟਰਨਸ਼ਿਪਸ ਏ ਕਿੱਕਸਟਾਰਟ ਟੂ ਯੂਅਰ ਕਰੀਅਰ" ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ



ਅੰਮ੍ਰਿਤਸਰ, 5 ਸਤੰਬਰ ( ਪੋਅਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ ਪਲੇਸਮੈਂਟ ਐਂਡ ਕਰੀਅਰ ਐਨਹਾਂਸਮੈਂਟ ਵਲੋਂ "ਇੰਟਰਨਸ਼ਿਪਸ ਏ ਕਿੱਕਸਟਾਰਟ ਟੂ ਯੂਅਰ ਕਰੀਅਰ" ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇੰਜਨੀਅਰਿੰਗ ਅਤੇ ਐਮਬੀਏ ਕੋਰਸਾਂ ਦੇ ਵਿਦਿਆਰਥੀਆਂ ਲਈ ਇਸ ਸੈਮੀਨਾਰ ਦਾ ਸੰਚਾਲਨ ਕਰਦਿਆਂ ਸ਼੍ਰੀਨਿਵਾਸ ਚਮਾਰਥੀ ਨੇ ਵਿਦਿਆਰਥੀਆਂ ਨੂੰ ਕੈਰੀਅਰ ਵਿੱਚ ਇੰਟਰਨਸ਼ਿਪ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਸ਼੍ਰੀ ਚਮਾਰਥੀ ਇੱਕ ਸਫਲ ਅਤੇ ਜਾਣੇ-ਪਛਾਣੇ ਉਦਯੋਗਪਤੀ ਹਨ ਅਤੇ ਸੀਵਾਈਐਮਈ ਆਟੋਮੇਸ਼ਨ ਸਿਸਟਮਜ਼ ਪ੍ਰਾਈਵੇਟ ਲਿਮਿਟਡ ਦੇ ਚੀਫ ਇਨੋਵੇਸ਼ਨ ਐਗਜ਼ੀਕਿਊਟਿਵ ਹਨ। ਉਹ "ਮੇਕ ਇਨ ਇੰਡੀਆ" ਅਤੇ "ਆਤਮਨਿਰਭਰ ਭਾਰਤ" ਮੁਹਿੰਮਾਂ 'ਤੇ ਵਿਸ਼ੇਸ਼ ਪ੍ਰੋਗਰਾਮਾਂ ਵਿਚ ਹਿੱਸਾ ਲੈਂਦੇ ਰਹਿੰਦੇ ਹਨ। ਸਵੈ-ਨਿਰਭਰ ਰਾਸ਼ਟਰ ਦੀ ਪ੍ਰਾਪਤੀ ਲਈ, ਸ਼੍ਰੀਨਿਵਾਸ ਪਹਿਲਾਂ ਹੀ ਵੱਖ-ਵੱਖ ਕਾਲਜਾਂ ਵਿੱਚ ਇੰਜੀਨੀਅਰਿੰਗ ਅਤੇ ਵਿਗਿਆਨਕ ਭਾਈਚਾਰੇ ਦੇ ਨੌਜਵਾਨਾਂ ਨਾਲ ਗੱਲਬਾਤ ਕਰਦੇ ਹੋਏ ਦੇਸ਼ ਭਰ ਵਿੱਚ 205279 ਕਿਲੋਮੀਟਰ ਦਾ ਸਫ਼ਰ ਤੈਅ ਕਰ ਚੁੱਕੇ ਹਨ। ਹੁਣ ਤੱਕ ਉਹ ਭਾਰਤ ਭਰ ਦੇ ਵਿਦਿਆਰਥੀਆਂ ਨਾਲ 370 ਤੋਂ ਵੱਧ ਲੈਕਚਰ ਅਤੇ 560 ਤੋਂ ਵੱਧ ਇੰਟਰਐਕਸ਼ਨ ਕਰ ਚੁੱਕੇ ਹਨ।

ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਦਿਆਰਥੀਆਂ ਨੂੰ ਆਪਣੀ ਇੰਟਰਨਸ਼ਿਪ ਦੀ ਚੋਣ ਬਹੁਤ ਧਿਆਨ ਨਾਲ ਕਰਨੀ ਚਾਹੀਦੀ ਹੈ। ਉਨ੍ਹਾਂ ਵਿਦਿਆਰਥੀ ਫੋਰਮ ਦੇ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ। ਯੂਨੀਵਰਸਿਟੀ ਦੇ 12 ਵਿਦਿਆਰਥੀਆਂ ਦਾ ਇਹ ਫੋਰਮ ਯੂਨੀਵਰਸਿਟੀ ਨਾਲ ਜੁੜੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਉਹਨਾਂ ਦੇ ਕੈਰੀਅਰ ਦੇ ਨਿਰਮਾਣ ਲਈ ਬਣਾਇਆ ਗਿਆ ਸੀ।

ਡਾ. ਜਸਪਾਲ ਸਿੰਘ ਸੰਧੂ, ਵਾਈਸ ਚਾਂਸਲਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਸੈਮੀਨਾਰ ਅਤੇ ਗੈਸਟ ਲੈਕਚਰ ਵਿਦਿਆਰਥੀਆਂ ਨੂੰ ਸਹੀ ਕੈਰੀਅਰ ਦਾ ਰਾਹ ਚੁਣਨ ਵਿੱਚ ਜ਼ਰੂਰ ਸਹਾਈ ਹੋਣਗੇ। ਡਾ. ਅਮਿਤ ਚੋਪੜਾ, ਡਾਇਰੈਕਟਰ ਨੇ ਕਿਹਾ ਕਿ ਇਹ ਸੈਮੀਨਾਰ ਇੰਜਨੀਅਰਿੰਗ ਅਤੇ ਐਮਬੀਏ ਦੇ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਸੀ ਜਿਸ ਵਿੱਚ ਇੰਟਰਨਸ਼ਿਪ ਦੇ ਵੱਖ-ਵੱਖ ਪਹਿਲੂਆਂ ਨੂੰ ਉਜਾਗਰ ਕੀਤਾ ਗਿਆ।







ਕੈਨੇਡੀਅਨ ਪੰਜਾਬੀ ਪੋਸਟ

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com















# ਜੱਥੇਦਾਰ ਗਿਆਨੀ ਰਘਬੀਰ ਸਿੰਘ ਨੇ ਸਿਡਨੀ ਵਿਖੇ ਧਾਰਮਿਕ ਸਮਾਗਮਾਂ ਵਿਚ ਕੀਤੀ ਸ਼ਮੂਲੀਅਤ


ਸਿਡਨੀ, 5 ਸਤੰਬਰ (ਪੋਸਟ ਬਿਊਰੋ): ਜੱਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਸ੍ਰੀ ਅਕਾਲ ਤਖਤ ਸਾਹਿਬ 29 ਅਗਸਤ 2023 ਤੋਂ 03 ਤੱਕ ਸਤੰਬਰ 2023 ਤੱਕ ਧਰਮ ਪ੍ਰਚਾਰ ਵਾਸਤੇ ਆਸਟ੍ਰੇਲੀਆ ਦੇ ਸਿਡਨੀ ਪੁੱਜੇ ,ਜਿੱਥੇ ਕਿ ਸੰਗਤਾਂ ਬੜੇ ਹੀ ਉਤਸ਼ਾਹ ਨਾਲ ਸਿੰਘ ਸਾਹਿਬ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਸਿੰਘ ਸਾਹਿਬ ਨੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ । ਸਿੰਘ ਸਾਹਿਬ ਵੱਲੋਂ ਗਿਆਨੀ ਗੁਰਦੇਵ ਸਿੰਘ ਆਸਟ੍ਰੇਲੀਆ ਵਾਲਿਆਂ ਵੱਲੋਂ ਰੱਖੇ ਗਏ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਸਿਡਨੀ ਵਿਖੇ ਸਮਾਗਮਾਂ ਵਿੱਚ ਵਿਸ਼ੇਸ਼ ਤੌਰ ‘ਤੇ ਸ਼ਮੂਲੀਅਤ ਕੀਤੀ ਅਤੇ ਉਹਨਾਂ ਦੇ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ।



ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ 61 ਪ੍ਰਾਣੀਆ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ । ਸਿੰਘ ਸਾਹਿਬ ਵੱਲੋਂ ਕਰਵਾਏ ਇਹਨਾਂ ਕਾਰਜਾਂ ਦੀ ਸ਼ਲਾਘਾ ਕੀਤੀ ਗਈ ਅਤੇ ਪੰਜਾਂ ਪਿਆਰਿਆਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਸਿੰਘ ਸਾਹਿਬ ਨੇ ਅੰਮ੍ਰਿਤ ਛੱਕਣ ਵਾਲਿਆਂ ਨੂੰ ਵੀ ਵਧਾਈਆਂ ਦਿੱਤੀਆਂ।

ਜਿਕਰਯੋਗ ਹੈ ਕਿ ਸਿੰਘ ਸਾਹਿਬ ਨੇ ਵੀਰਵਾਰ ਸ਼ਾਮ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਮਿੰਟੋ , ਸ਼ੁੱਕਰਵਾਰ ਸ਼ਾਮ ਗੁਰਦੁਆਰਾ ਤਾਰਾਮਾਰਾ ਅਤੇ ਸ਼ਨੀਵਾਰ ਸ਼ਾਮ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ (ਬਲੈਕਟਾਊਨ)ਵਿਖੇ ਹਾਜ਼ਰੀਆਂ ਭਰੀਆਂ ਗਈਆਂ । ਸਾਰੇ ਹੀ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਸਿੰਘ ਸਾਹਿਬ ਦਾ ਗਰਮਜ਼ੋਸ਼ੀ ਨਾਲ ਸਵਾਗਤ ਕੀਤਾ ਅਤੇ ਬਹੁਤ ਮਾਣ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਤੇ ਯਾਣਕਾਰੀ ਦਿੰਦਿਆਂ ਬਾਬਾ ਜਸਬੀਰ ਸਿੰਘ ਅਤੇ ਭਾਈ ਅਮਰੀਕ ਸਿੰਘ ਨੇ ਦੱਸਿਆ ਕਿ ਸਿੰਘ ਸਾਹਿਬ ਵੱਲੋਂ ਨਵੇਂ ਅਸਥਾਨ ਵਾਲੀ ਜਗ੍ਹਾ ‘ਤੇ ਜਾ ਕੇ ਗੁਰਦੁਆਰਾ ਸਾਹਿਬ ਦੀ ਉਸਾਰੀ ਲਈ ਅਰਦਾਸ ਵੀ ਕੀਤੀ ਗਈ । ਆਸਟ੍ਰੇਲੀਆ ਦੀਆਂ ਸੰਗਤਾਂ ਤੋਂ ਮਿਲੇ ਪਿਆਰ ਸਤਿਕਾਰ ਤੋਂ ਗਦ ਗਦ ਹੋਏ ਸਿੰਘ ਸਾਹਿਬ ਨੇ ਸਭ ਸੰਗਤਾਂ ਧੰਨਵਾਦ ਕੀਤਾ ।













LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


ASIAN FOOD CENTRE
Rakhi Sale
www.AsianFoodCentre.com
24TH AUG TO 10TH SEPT 2023
Fresh Fruits, Vegetables, Indian & Canadian Grocery
$11.99 EA
MEERA WHOLE WHEAT ATTA
$21.99 20LB REG.$24.99
AASHIRVAAD WHOLE WHEAT ATTA
$12.99 10LB
MEERA BESAN
$4.49 300G
KHALSA PANEER
$12.99
QUALITY WHOLE WHEAT ATTA
$13.99 10 LB
SHER MULTIGRAIN ATTA
$4.99 1LB
ALMONDS
$7.99 25PCS
POPULAR PARATHA
$3.29 (960 GM)EA
POPULAR PARATHA
$1.79 600G REG.$3.99
CAVENDISH HASH BROWN
$1.99 400G
THAKAR HOME STYLE ASST.
$3.79 2L
REGAL JUICE
$4.99 4LB
TASTY BLACK CHANNA
$5.99 4LB
TASTY URAD WHOLE
$25.99 3.5LB
VERKA DESI GHEE
$1.99 60G
RESHMA MEHNDI BLACK & BROWN
$5.99 EA
APNA TASTE GULAB JAMUN
$2.79 900G
ITALPASTA ASST. PASTA
$7.99 1.2KG
HALDIRAM TANDOORI NAAN
$10.99 2LB
WAGHBAKRI TEA
$6.99 1.7KG
TASTY FROZEN PEAS
$2.79 1L
RUBICON JUICE
$3.79 620G REG.$4.99
PUNJABI COOKIES
$1.49 400G
ASIAN CHANNA WITH MURI
$1.49 1L
FROOTI
$2.49 400GM
POPULAR SAMOSA/SPRING ROLLS
$3.49
THAKAR MATAR KULCHA
$1.49 EA
SANTOSH NAAN
$1.79 305GM
BRITANNIA TOASTEA SUJI RUSK
$1.49 EXCEPT PANEER
AASHIRVAAD NAAN/PARATHA (EXCEPT PANEER)
$0.99 EA
LAZZAT ASST. FALOODA
$7.99 EA
SAVERA RASMALAI
$2.99
TAZA NAN KHATAE
$1.99
PACHARANGA MIX PICKLE
WE HAVE LARGE VARIETY OF RAKHI AVAILABLE
Variety of Indian Sweets Available
ETOBICOKE 10 Westmore Dr. 416-740-3262 MEAT SHOP AVAILABLE
MISSISSAUGA 1075 Ceremonial Dr 905-502-1600 MEAT SHOP AVAILABLE
BRAMPTON 621 Wanless Dr. 905-495-3336 MEAT SHOP AVAILABLE
BRAMPTON 2120 N Park Dr. 905-793-1338 MEAT SHOP AVAILABLE
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109 MEAT SHOP
BRAMPTON 10510 Torbram Rd. 905-790-0030
BRAMPTON 10 Pannahill Dr. 905-913-8017 MEAT SHOP AVAILABLE
TOLL FREE 1-800-708-9232
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media